ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਮਾਹਿਰ ਸਮੂਹ ਦੀ ਰਾਏ ਅਨੁਸਾਰ ਸਮੂਚੀ ਕੈਬਨਿਟ ਕਰੇਗੀ ਕਰਫਿਊ ਸਬੰਧੀ ਅਗਲਾ ਫੈਸਲਾ-ਮਨਪ੍ਰੀਤ ਸਿੰਘ ਬਾਦਲ

-ਵਿੱਤ ਮੰਤਰੀ ਨੇ ਲੋੜਵੰਦ ਲੋਕਾਂ ਲਈ ਚਲਾਏ ਜਾ ਰਹੇ ਲੰਗਰਾਂ ਵਿਖੇ ਪੁੱਜ ਕੇ ਕੀਤੀ ਹੌਂਸਲਾਂ-ਅਫਜਾਈ

-ਸਰਕਾਰ ਲਵੇਗੀ ਸਹੀ ਸਮੇਂ ਸਹੀ ਫੈਸਲਾ

ਬਠਿੰਡਾ, 26 ਅਪ੍ਰੈਲ : ਪੰਜਾਬ ਦੇ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਨੇ ਆਖਿਆ ਹੈ ਕਿ ਸੂਬੇ ਵਿਚ ਕਰਫਿਊ ਵਿਚੋਂ ਢਿੱਲ ਦੇਣ ਸਬੰਧੀ ਅੰਤਮ ਨਿਰਣਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਸਮੂਚੀ ਕੈਬਨਿਟ ਵੱਲੋਂ ਮਾਹਿਰ ਸਮੂਹ ਦੀ ਰਾਏ ਅਨੁਸਾਰ ਲਿਆ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਬੇਸ਼ਕ ਕਾਰੋਬਾਰ ਜਰੂਰੀ ਹੈ ਪਰ ਮਨੁੱਖੀ ਜਾਨਾਂ ਦੀ ਕੀਮਤ ਵਪਾਰ ਅਤੇ ਕਾਰੋਬਾਰ ਨਾਲ ਕਿਤੇ ਜਿਆਦਾ ਹੈ। ਉਨ੍ਹਾਂ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਹਿਲਾਂ ਵੀ ਰਾਜ ਦੇ ਹਿੱਤ ਵਿਚ ਦੂਜਿਆਂ ਤੋਂ ਪਹਿਲਾਂ ਯੋਗ ਫੈਸਲੇ ਲਏ ਹਨ ਅਤੇ ਹੁਣ ਵੀ ਸਹੀ ਸਮੇਂ ਤੇ ਸਹੀ ਨਿਰਣਾ ਪੰਜਾਬ ਦੇ ਲੋਕਾਂ ਦੇ ਹਿੱਤ ਵਿਚ ਲਿਆ ਜਾਵੇਗਾ।

ਉਹ ਐਤਵਾਰ ਨੂੰ ਵਾਲਮਿਕੀ ਨਗਰ, ਬਸੰਤ ਵਿਹਾਰ ਅਤੇ ਅਗਰਵਾਲ ਕਲੋਨੀ ਵਿਚ ਸ਼ਹਿਰ ਦੇ ਸਮਾਜ ਸੇਵੀਆਂ ਵੱਲੋਂ ਚਲਾਏ ਜਾ ਰਹੇ ਲੰਗਰ ਅਤੇ ਹੋਰ ਰਾਹਤ ਕਾਰਜਾਂ ਦੀ ਹੌਂਸਲਾਂ ਅਫਜਾਈ ਲਈ ਪੁੱਜੇ ਸਨ।ਇਸ ਤੋਂ ਬਿਨ੍ਹਾਂ ਉਨ੍ਹਾਂ ਨੇ ਸੰਤ ਨਿੰਰਕਾਰੀ ਮਿਸ਼ਨ ਭਵਨ ਵਿਖੇ ਮਾਸਕ ਬਣਾ ਰਹੇ ਵੰਲਟੀਅਰਾਂ ਦੇ ਜਜ਼ਬੇ ਨੂੰ ਵੀ ਸਰਾਹਿਆ। ਇੱਥੇ ਗ੍ਰੋਥ ਸੈਂਟਰ ਵੱਲੋਂ 600 ਰਾਸ਼ਨ ਕਿੱਟਾਂ ਵੀ ਸਮਾਜ ਦੇ ਲੋੜਵੰਦ ਲੋਕਾਂ ਨੂੰ ਵੰਡਨ ਹਿੱਤ ਭੇਜੀਆਂ। ਇੱਥੇ ਇਕ ਖੂਨਦਾਨ ਕੈਂਪ ਵੀ ਲਗਾਇਆ ਗਿਆ ਸੀ। ਇਸ ਤੋਂ ਪਹਿਲਾਂ ਸ਼ਨੀਵਾਰ ਨੂੰ ਵਿੱਤ ਮੰਤਰੀ ਨੇ ਬੇਅੰਤ ਨੰਬਰ, ਗਲੀ ਨੰਬਰ 20 ਅਜੀਤ ਰੋਡ, ਵਾਰਡ ਨੰਬਰ 17, ਹਾਉਸਫੈਡ ਕਲੋਨੀ ਵਿਖੇ ਪਹੁੰਚ ਕੇ ਵੀ ਸਮਾਜ ਸੇਵਾ ਵਿਚ ਲੱਗੇ ਵਲੰਟੀਅਰਾਂ ਦੀ ਸੇਵਾ ਦੀ ਸਲਾਘਾ ਕੀਤੀ।ਇਸ ਮੌਕੇ ਸਮਾਜ ਸੇਵੀਆਂ ਨੇ ਜਿਲਾ ਕੋਵਿਡ ਰਾਹਤ ਫੰਡ ਲਈ ਦੋ ਲੱਖ ਰਪਏ ਦੀ ਸਹਾਇਤਾ ਵੀ ਭੇਂਟ ਕੀਤੀ।

ਇਸ ਮੌਕੇ ਸ: ਬਾਦਲ ਨੇ ਬਠਿੰਡਾ ਵਿਚ ਚੱਲ ਰਹੇ ਰਾਹਤ ਕਾਰਜਾਂ ਦੀ ਗੱਲ ਕਰਦਿਆਂ ਕਿਹਾ ਕਿ ਸ਼ਹਿਰ ਵਿਚ ਪਿੱਛਲੇ ਤਿੰਨ ਦਿਨਾਂ ਵਿਚ ਹੀ 2593 ਰਾਸ਼ਨ ਦੀਆਂ ਕਿੱਟਾਂ ਵਾਰਡ ਨੰਬਰ 17 ਤੋਂ 21, ਗੋਪਾਲ ਨਗਰ, ਸੰਜੈ ਨਗਰ, ਨਰੂਆਣਾ ਰੋਡ, ਜੋਗੀ ਨਗਰ, ਖੱਦਰ ਭੰਡਾਰ ਗਲੀ, ਨਵੀਂ ਬਸਤੀ, ਪਾਰਸਰਾਮ ਨਗਰ, ਬੇਅੰਤ ਨਗਰ, ਬਸਤੀ ਅਮਰਪੁਰਾ ਆਦਿ ਵਿਚ ਵੰਡੀਆਂ ਗਈਆਂ ਹਨ।

ਇਸ ਮੌਕੇ ਜੈਜੀਤ ਸਿੰਘ ਜੋਹਲ, ਸ੍ਰੀ ਕੇਕੇ ਅਗਰਵਾਲ, ਸ੍ਰੀ ਪਵਨ ਮਾਨੀ, ਸ੍ਰੀ ਅਰੁਣ ਵਧਾਵਨ, ਸ੍ਰੀ ਅਸ਼ੋਕ ਪ੍ਰਧਾਨ, ਸ੍ਰੀ ਰਾਜਨ ਗਰਗ, ਸ੍ਰੀ ਬਲਜਿੰਦਰ ਠੇਕੇਦਾਰ, ਮਾਸਟਰ ਹਰਮੰਦਰ ਸਿੰਘ, ਰਾਮ ਪ੍ਰਕਾਸ਼ ਰਾਮਾ, ਅਨਿਲ ਭੋਲਾ, ਨੱਥੂ ਰਾਮ, ਪ੍ਰਕਾਸ਼ ਚੰਦ ਆਦਿ ਵੀ ਹਾਜਰ ਸਨ।

I/20434/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਬਠਿੰਡਾ ਜ਼ਿਲ੍ਹੇ ਵਿਚ 3.66 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ

ਬਠਿੰਡਾ, 26 ਅਪ੍ਰੈਲ: ਬਠਿੰਡਾ ਜ਼ਿਲ੍ਹੇ ਵਿਚ ਸ਼ਨੀਵਾਰ ਦੀ ਸ਼ਾਮ ਤੱਕ 3,66,297 ਮੀਟ੍ਰਿਕ ਟਨ ਦੀ ਖਰੀਦ ਕੀਤੀ ਜਾ ਚੁੱਕੀ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨ੍ਹਾਂ ਨੇ ਦੱਸਿਆ

ਕਿ ਬੀਤੀ ਸ਼ਾਮ ਤੱਕ 198257 ਮੀਟ੍ਰਿਕ ਟਨ ਕਣਕ ਦੀ ਮੰਡੀਆਂ ਵਿਚੋਂ ਲਿਫਟਿੰਗ ਵੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਨੇ ਦੱਸਿਆ ਕਿ ਕਿਸਾਨਾਂ ਦੀ ਫਸਲ ਇਸ ਸਾਲ ਪਿੱਛਲੇ ਸਾਲ ਤੋਂ ਜਿਆਦਾ ਤੇਜੀ ਨਾਲ ਖਰੀਦ ਕੀਤੀ ਜਾ ਰਹੀ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ: ਮਨਦੀਪ ਸਿੰਘ ਮਾਨ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਪਨਗ੍ਰੇਨ ਨੇ 100283 ਮੀਟ੍ਰਿਕ ਟਨ, ਮਾਰਕਫੈਡ ਨੇ 99341 ਮੀਟ੍ਰਿਕ ਟਨ, ਪਨਸਪ ਨੇ 84960 ਮੀਟ੍ਰਿਕ ਟਨ, ਪੰਜਾਬ ਰਾਜ ਵੇਅਰ ਹਾਊਸ ਕਾਰਪੋਰੇਸ਼ਨ ਨੇ 55965 ਮੀਟ੍ਰਿਕ ਟਨ, ਭਾਰਤੀ ਖੁਰਾਕ ਨਿਗਮ ਨੇ 25605 ਟਨ ਅਤੇ ਵਪਾਰੀਆਂ ਨੇ 144 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਹੈ। ਬੀਤੀ ਸ਼ਾਮ ਤੱਕ 292.38 ਕਰੋੜ ਰੁਪਏ ਦੀਆਂ ਅਦਾਇਗੀਆਂ ਵੀ ਕੀਤੀਆਂ ਗਈਆਂ ਹਨ।

I/20465/2020

District Public Relations Office, Bathinda

With the continuous efforts of Punjab Government, first Jatha of Sangat returns to Punjab from Takht Sri Hazur Sahib

- Sangat thanks Punjab Government for their safe return

Bathinda, April 26: After continuous efforts and coordination by the Punjab Government led by Chief Minister Captain Amarinder Singh with the union government and Maharashtra Government the first Jatha of Sangat reached Punjab early morning today from Sri Hazur Sahib, Nanded. These pilgrims went to Hazur Sahib in the month of March and were stuck down there due to lockdown.

The Chief Minister Capt. Amarinder Singh had been in constant touch with the Government of India and the State Government of Maharashtra to make proper arrangements for the safe return of these pilgrims. Besides this the Punjab government had also coordinated with the states through which the buses of these pilgrims were to pass so that pilgrims do not face any problem on the way.

Eight buses of this convoy reached Punjab today, out of which seven buses entered district Bathinda from Doomwali border of Haryana and one bus through Abohar in Fazilka district. In these eight busses the pilgrims who have returned back include residents of district Bathinda Sri Amritsar Sahib, Ludhiana, Kapurthala, Gurdaspur, Ropar, Shaheed Bhagat Singh Nagar, Sahibzada Ajit Singh Nagar, Jalandhar, Fazilka, Sangrur, Patiala, Moga and Chandigarh.

On entering Punjab, the administration teams led by SDM Bathinda Amarinder Singh Tiwana and Tehsildar Sukhbir Singh Brar conducted medical checkup of the pilgrims and were given snacks, water, masks and sanitizers. After completing all the necessary formalities, the buses were dispatched to the respective districts. However, 21 residents of Bathinda district were taken directly to the isolation center where they would undergo a complete medical examination and only after final medical clearance they would be sent home.

The pilgrims specially thanked the Punjab Government for its continuous efforts and coordination with the Government of India and other state governments for arranging safe transit for their return.

I/20404/2020

دਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਪੰਜਾਬ ਸਰਕਾਰ ਦੇ ਉਪਰਾਲਿਆਂ ਨੂੰ ਪਿਆ ਬੂਰ, ਤਖਤ ਸ੍ਰੀ ਹਜ਼ੂਰ ਸਾਹਿਬ ਤੋਂ ਸੰਗਤਾਂ ਦਾ ਪਹਿਲਾ ਜੱਥਾ ਪੰਜਾਬ ਪਰਤਿਆ

-ਸ਼ਰਧਾਲੂਆਂ ਨੇ ਪੰਜਾਬ ਸਰਕਾਰ ਨੂੰ ਕਿਹਾ ਸ਼ੁਕਰੀਆ

ਬਠਿੰਡਾ, 26 ਅਪ੍ਰੈਲ : ਐਤਵਾਰ ਦੀ ਚੜ੍ਹਦੀ ਸਵੇਰ ਢਾਈ ਸੌ ਸ਼ਰਧਾਲੂਆਂ ਲਈ ਰਾਹਤ ਲੈ ਕੇ ਬਹੁੜੀ ਜਦ ਉਹ ਲਗਭਗ ਇਕ ਮਹੀਨੇ ਬਾਅਦ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਯਤਨਾਂ ਨਾਲ ਤਖਤ ਸ੍ਰੀ ਹਜੂਰ ਸਾਹਿਬ ਨਾਂਦੇੜ ਤੋਂ ਚੱਲ ਕੇ ਪੰਜਾਬ ਵਿਚ ਪ੍ਰਵੇਸ਼ ਕੀਤੇ। ਇਹ ਸ਼ਰਧਾਲੂ ਮਾਰਚ ਮਹੀਨੇ ਮਹਾਰਾਸ਼ਟਰ ਸੂਬੇ ਵਿਚ ਸਥਿਤ ਅਬਚਲ ਨਗਰ ਨਾਂਦੇੜ ਵਿਖੇ ਗੁਰੂ ਘਰ ਗਏ ਸਨ ਪਰ ਅਚਾਨਕ ਹੋਏ ਲਾਕਡਾਊਨ ਕਾਰਨ ਉਥੇ ਹੀ ਫਸ ਗਏ ਸਨ।

ਇੰਨ੍ਹਾਂ ਸ਼ਰਧਾਲੂਆਂ ਦੀ ਘਰ ਵਾਪਸੀ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਲਗਾਤਾਰ ਭਾਰਤ ਸਰਕਾਰ ਅਤੇ ਮਹਾਰਾਸ਼ਟਰ ਸੂਬਾਈ ਸਰਕਾਰ ਨਾਲ ਰਾਬਤਾ ਕਰਕੇ ਇੰਨ੍ਹਾਂ ਲਈ ਸੁਰੱਖਿਅਤ ਰਾਹਦਾਰੀ ਦਾ ਪ੍ਰਬੰਧ ਕੀਤਾ ਸੀ।ਇਸ ਤੋਂ ਬਿਨ੍ਹਾਂ ਜਿੰਨ੍ਹਾਂ ਰਾਜਾਂ ਵਿਚੋਂ ਇੰਨ੍ਹਾਂ ਸ਼ਰਧਾਲੂਆਂ ਦੀਆਂ ਬੱਸਾਂ ਨੇ ਲੰਘ ਕੇ ਆਉਣਾ ਸੀ ਉਨ੍ਹਾਂ ਨਾਲ ਵੀ ਪੰਜਾਬ ਸਰਕਾਰ ਵੱਲੋਂ ਮੁਕੰਮਲ ਤਾਲਮੇਲ ਕੀਤਾ ਗਿਆ ਸੀ ਤਾਂ ਜੋ ਰਾਸਤੇ ਵਿਚ ਇੰਨ੍ਹਾਂ ਸ਼ਰਧਾਲੂਆਂ ਨੂੰ ਕੋਈ ਦਿੱਕਤ ਨਾ ਆਵੇ। ਇਸ ਕਾਫਲੇ ਵਿਚ ਸ਼ਾਮਿਲ 8 ਬੱਸਾਂ ਅੱਜ ਪੰਜਾਬ ਵਿਚ ਦਾਖਿਲ ਹੋਈਆਂ ਜਿੰਨ੍ਹਾਂ ਵਿਚੋਂ 7 ਬੱਸਾਂ ਬਠਿੰਡਾ ਜ਼ਿਲ੍ਹੇ ਦੇ ਹਰਿਆਣਾ ਨਾਲ ਲਗਦੇ ਡੂਮਵਾਲੀ ਬਾਰਡਰ ਰਾਹੀਂ ਜਦ ਕਿ ਇਕ ਫਾਜ਼ਿਲਕਾ ਜ਼ਿਲ੍ਹੇ ਦੇ ਅਬੋਹਰ ਰਾਹੀਂ ਪੰਜਾਬ ਵਿਚ ਪਹੁੰਚੀ।ਇੰਨ੍ਹਾਂ ਬੱਸਾਂ ਵਿਚ ਬਠਿੰਡਾ ਜ਼ਿਲ੍ਹੇ ਦੇ ਨਾਗਰਿਕਾਂ ਤੋਂ ਇਲਾਵਾ ਸ੍ਰੀ ਅੰਮ੍ਰਿਤਸਰ ਸਾਹਿਬ, ਲੁਧਿਆਣਾ, ਕਪੂਰਥਲਾ, ਗੁਰਦਾਸਪੁਰ, ਰੋਪੜ, ਸ਼ਹੀਦ ਭਗਤ ਸਿੰਘ ਨਗਰ, ਸਾਹਿਬਜਾਦਾ ਅਜੀਤ ਸਿੰਘ ਨਗਰ, ਜਲੰਧਰ, ਫਾਜ਼ਿਲਕਾ, ਸੰਗਰੂਰ, ਪਟਿਆਲਾ, ਮੋਗਾ ਜ਼ਿਲ੍ਹਿਆਂ ਅਤੇ ਚੰਡੀਗੜ੍ਹ ਦੇ ਸ਼ਰਧਾਲੂ ਵੀ ਸ਼ਾਮਿਲ ਸਨ।

ਪੰਜਾਬ ਦੀ ਹੱਦ ਅੰਦਰ ਪ੍ਰਵੇਸ਼ ਕਰਨ ਤੇ ਬਠਿੰਡਾ ਦੇ ਐਸਡੀਐਮ ਅਮਰਿੰਦਰ ਸਿੰਘ ਟਿਵਾਣਾ ਅਤੇ ਤਹਿਸੀਲਦਾਰ ਸ: ਸੁਖਬੀਰ ਸਿੰਘ ਬਰਾੜ ਦੀ ਅਗਵਾਈ ਵਿਚ ਪ੍ਰਸ਼ਾਸਨ ਵੱਲੋਂ ਸ਼ਰਧਾਲੂਆਂ ਦਾ ਮੈਡੀਕਲ ਚੈਕਅੱਪ ਕੀਤਾ ਗਿਆ ਅਤੇ ਸ਼ਰਧਾਲੂਆਂ ਨੂੰ ਨਾਸਤਾ, ਪਾਣੀ, ਮਾਸਕ, ਸੈਨੀਟਾਈਜਰ ਦਿੱਤੇ ਗਏ ਅਤੇ ਬੱਸਾਂ ਨੂੰ ਸਬੰਧਤ ਜ਼ਿਲ੍ਹਿਆਂ ਲਈ ਰਵਾਨਾ ਕਰ ਦਿੱਤਾ ਗਿਆ। ਜ਼ਦ ਕਿ ਬਠਿੰਡਾ ਜ਼ਿਲ੍ਹੇ ਦੇ 21 ਨਾਗਰਿਕਾਂ ਨੂੰ ਸਿੱਧੇ ਇਕਾਂਤਵਾਸ ਕੇਂਦਰ ਵਿਚ ਲਿਜਾਇਆ ਗਿਆ ਜਿੱਥੇ ਇੰਨ੍ਹਾਂ ਦੀ ਮੁਕੰਮਲ ਮੈਡੀਕਲ ਜਾਂਚ ਹੋਵੇਗੀ ਅਤੇ ਸਾਰੇ ਮੈਡੀਕਲ ਨਿਯਮਾਂ ਦੀ ਪਾਲਣਾ ਤੋਂ ਬਾਅਦ ਹੀ ਇੰਨ੍ਹਾਂ ਨੂੰ ਘਰ ਭੇਜਿਆ ਜਾਵੇਗਾ।

ਇਸ ਮੌਕੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਦਾ ਵਿਸ਼ੇਸ ਤੌਰ ਤੇ ਧੰਨਵਾਦ ਕੀਤਾ ਜਿਸ ਨੇ ਲਗਾਤਾਰ ਭਾਰਤ ਸਰਕਾਰ ਅਤੇ ਦੂਜੀਆਂ ਰਾਜ ਸਰਕਾਰਾਂ ਨਾਲ ਤਾਲਮੇਲ ਕਰਕੇ ਉਨ੍ਹਾਂ ਦੀ ਵਾਪਸੀ ਲਈ ਰਾਹਦਾਰੀ ਦਾ ਪ੍ਰਬੰਧ ਕੀਤਾ। ਇੱਥੇ ਜ਼ਿਕਰਯੋਗ ਹੈ ਕਿ ਸ਼ਨੀਵਾਰ ਨੂੰ ਪੰਜਾਬ ਸਰਕਾਰ ਨੇ ਬਠਿੰਡਾ ਤੋਂ ਹੀ 80 ਬੱਸਾਂ ਦਾ ਕਾਫਲਾ ਨਾਂਦੇੜ ਸਾਹਿਬ ਲਈ

ਰਵਾਨਾ ਕੀਤਾ ਹੈ ਜਿਸ ਰਾਹੀਂ ਉਥੇ ਰਹਿ ਗਏ ਹੋਰ 3200 ਸ਼ਰਧਾਲੂਆਂ ਨੂੰ ਇੰਨ੍ਹਾਂ ਬੱਸਾਂ ਰਾਹੀਂ ਮੁਫਤ ਪੰਜਾਬ ਲਿਆਂਦਾ ਜਾਵੇਗਾ।

I/20403/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਸੀ-ਡੈਕ ਈ ਸੰਜੀਵਨੀ ਓਪੀਡੀ ਪ੍ਰਣਾਲੀ ਰਾਹੀਂ ਮੁਫਤ ਡਾਕਟਰੀ ਸਲਾਹ ਦੇਣ ਦੀ ਕੀਤੀ ਸ਼ੁਰੂਆਤ: ਡਾ. ਅਮਰੀਕ ਸਿੰਘ ਸੰਧੂ

ਬਠਿੰਡਾ, 26 ਅਪ੍ਰੈਲ : ਪੰਜਾਬ ਸਰਕਾਰ ਨੇ ਕੋਵਿਡ -19 ਮਹਾਂਮਾਰੀ ਦੇ ਮੱਦੇਨਜ਼ਰ ਸੂਬੇ ਦੇ ਲੋਕਾਂ ਲਈ ਨਿਰਵਿਘਨ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਲੋਕ ਹਿੱਤ ਉਪਰਾਲਾ ਕੀਤਾ ਹੈ। ਪੰਜਾਬ ਸਰਕਾਰ ਨੇ ਅੱਜ ਸੀ-ਡੈਕ ਮੁਹਾਲੀ ਵਲੋਂ ਵਿਕਸਤ ਏਕੀਕ੍ਰਿਤ ਟੈਲੀਮੇਡੀਸਨਲ ਸਲਿਊਸ਼ਨ, “ਈ-ਸੰਜੀਵਨੀ- -ਆਨਲਾਈਨ ਓਪੀਡੀ ” (ਡਾਕਟਰ ਤੋਂ ਮਰੀਜ਼ ਤੱਕ) ਦੀ ਜ਼ਿਲ੍ਹੇ ਵਿਚ ਸ਼ੁਰੂਆਤ ਕੀਤੀ ਹੈ।

ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਅਮਰੀਕ ਸਿੰਘ ਸੰਧੂ ਨੇ ਦੱਸਿਆ ਕਿ ਸਿਹਤ ਮੰਤਰੀ ਸ. ਬਲਬੀਰ ਸਿੰਘ ਸਿੱਧੂ ਨੇ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਇਹ ਉਪਰਾਲਾ ਪੇਂਡੂ ਖੇਤਰਾਂ ਦੇ ਆਮ ਲੋਕਾਂ ਲਈ ਵਿਸ਼ੇਸ਼ ਸਿਹਤ ਸੇਵਾਵਾਂ ਦੀ ਪਹੁੰਚਾਉਣ ਲਈ ਲੋਕਾਂ ਨੂੰ ਵੱਧ ਤੋਂ ਵੱਧ ਆਨਲਾਈਨ ਓ.ਪੀ.ਡੀ ਦੀਆਂ ਸੇਵਾਵਾਂ ਲੈਣ ਲਈ ਜਾਣਕਾਰੀ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ਇਹ ਲੋਕਾਂ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਮਾਹਰ ਡਾਕਟਰਾਂ ਦੇ ਨੈਟਵਰਕ ਨਾਲ ਜੁੜਨ ਅਤੇ ਘਰ ਬੈਠੇ ਹੀ ਸਿਹਤ ਸੰਬੰਧੀ ਆਮ ਸਮੱਸਿਆਵਾਂ ਲਈ ਡਾਕਟਰੀ ਇਲਾਜ ਅਤੇ ਸਲਾਹ ਲੈਣ ਲਈ ਪਲੇਟਫਾਰਮ ਪ੍ਰਦਾਨ ਕਰਦਾ ਹੈ।

ਡਾ. ਸੰਧੂ ਨੇ ਦੱਸਿਆ ਕਿ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਵਿੱਚ ਟੈਲੀਮੇਡਸੀਨ ਸੇਵਾਵਾਂ ਤੋਂ ਇਲਾਵਾ ਪ੍ਰਸ਼ਾਸਨਿਕ ਸੁਧਾਰਾਂ ਅਤੇ ਲੋਕ ਸ਼ਿਕਾਇਤਾਂ ਵਿਭਾਗ ਦੇ ਸਰਗਰਮ ਸਹਿਯੋਗ ਨਾਲ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੇ ਇਸ ਪ੍ਰੋਗਰਾਮ ਨੂੰ ਸੂਬੇ ਭਰ ਵਿੱਚ ਲਾਗੂ ਕੀਤਾ ਹੈ। ਇਸ ਦੁਆਰਾ ਡਾਕਟਰੀ ਸੇਵਾਵਾਂ ਦੀ ਗੁਣਵੱਤਾ ਨੂੰ ਵਧਾਉਣ ਤੋਂ ਇਲਾਵਾ ਇਸ ਸੇਵਾ ਬੁਨਿਆਦੀ ਢਾਂਚੇ ਦੀ ਘਾਟ ਅਤੇ ਮਨੁੱਖੀ ਸਰੋਤਾਂ ਦੀ ਘਾਟ ਨਾਲ ਸਬੰਧਤ ਮੁੱਦਿਆਂ ਨੂੰ ਕੁਝ ਹੱਦ ਤਕ ਹੱਲ ਕਰਨ ਵਿਚ ਸਹਾਈ ਹੋਵੇਗੀ। ਈ-ਸੰਜੀਵਨੀ ਦਾ ਉਦੇਸ਼ ਸ਼ਹਿਰੀ ਤੇ ਪੇਂਡੂ ਅਤੇ ਅਮੀਰ ਬਨਾਮ ਗਰੀਬਾਂ ਵਿਚਕਾਰ ਮੌਜੂਦ ਡਿਜੀਟਲ ਵੰਡ ਨੂੰ ਪੂਰਾ ਕਰਦਿਆਂ ਸਿਹਤ ਸੇਵਾਵਾਂ ਨੂੰ ਬਰਾਬਰ ਬਣਾਉਣਾ ਹੈ। ਉਸਨੇ ਅੱਗੇ ਈ-ਸੰਜੀਵਨੀ ਓਪੀਡੀ ਦੀਆਂ ਪ੍ਰਮੁੱਖ ਵਿਸ਼ੇਸ਼ਤਾਵਾਂ ਉੱਤੇ ਚਾਨਣਾ ਪਾਇਆ ਜਿਸ ਵਿੱਚ ਮਰੀਜ਼ਾਂ ਦੀ ਰਜਿਸਟ੍ਰੇਸ਼ਨ, ਟੋਕਨ ਜਨਰੇਸ਼ਨ, ਕਤਾਰ ਪ੍ਰਬੰਧਨ, ਸਬੰਧਤ ਡਾਕਟਰ ਨਾਲ ਆਡੀਓ-ਵੀਡੀਓ ਮਸ਼ਵਰਾ, ਈ-ਪ੍ਰਸਕ੍ਰਿਪਸ਼ਨ, ਐਸਐਮਐਸ/ ਈਮੇਲ ਨੋਟੀਫਿਕੇਸ਼ਨ ਅਤੇ ਰਾਜ ਦੇ ਡਾਕਟਰਾਂ ਦੁਆਰਾ ਸੇਵਾਵਾਂ (ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਤੋਂ) ਪੂਰੀ ਤਰਾਂ ਮੁਫਤ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਐਪਲੀਕੇਸ਼ਨ ਵਿੱਚ ਅਣਚਾਹੇ ਤੱਤਾਂ ਵਿਰੁੱਧ ਸੁਰੱਖਿਆ ਦੀ ਇੱਕ ਉੱਚ ਡਿਗਰੀ ਹੈ।ਜ਼ਿਲਾ ਪੱਧਰ ’ਤੇ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਜਾਰੀ ਰੱਖਣ ਲਈ ਜਿਲ੍ਹਾ ਪ੍ਰਸ਼ਾਸਨ ਸੁਧਾਰ ਅਤੇ ਲੋਕ ਸ਼ਿਕਾਇਤ ਵਿਭਾਗ ਨੇ ਜ਼ਿਲੇ ਦੇ ਡਾਕਟਰਾਂ ਦੀਆਂ ਟੀਮਾਂ ਦੀ ਸਹਾਇਤਾ ਲਈ ਜ਼ਿਲਾ ਤਕਨੀਕੀ ਕੋਆਰਡੀਨੇਟਰ (ਡੀਟੀਸੀ) ਜਾਂ ਜ਼ਿਲਾ ਈਗਵਰਨੈਂਸ ਕੋਆਰਡੀਨੇਟਰ (ਡੀ.ਈ.ਜੀ.ਸੀ) ਨਿਯੁਕਤ ਕੀਤੇ ਹਨ।

ਉਨਾਂ ਦੱਸਿਆ ਕਿ ਪੰਜਾਬ ਵਿੱਚ ਡਾਕਟਰ ਪਿਛਲੇ ਇੱਕ ਦਹਾਕੇ ਤੋਂ ਈ-ਸੰਜੀਵਨੀ (ਡਾਕਟਰ ਤੋਂ ਡਾਕਟਰ) ਪ੍ਰਣਾਲੀ ਦਾ ਇਸਤੇਮਾਲ ਕਰ ਰਹੇ ਹਨ, ਇਸ ਲਈ ਈ-ਸੰਜੀਵਾਨੀ - ਆਨਲਾਈਨ ਓਪੀਡੀ (ਡਾਕਟਰ ਤੋਂ ਮਰੀਜ਼) ਪਲੇਟਫਾਰਮ ਨੂੰ ਅਪਨਾਉਣ ਵਿੱਚ ਉਨਾਂ ਨੂੰ ਬਹੁਤਾ ਸਮਾਂ ਨਹੀਂ ਲਗੇਗਾ।ਉਨਾਂ ਕਿਹਾ ਕਿ ਤਾਲਾਬੰਦੀ ਦੌਰਾਨ ਗੈਰ-ਐਮਰਜੈਂਸੀ ਮਾਮਲਿਆਂ ਵਿੱਚ ਡਾਕਟਰਾਂ ਤੱਕ ਪਹੁੰਚ ਨਾ ਕਰਨ ਕਾਰਨ ਨਾਗਰਿਕਾਂ ਵਿੱਚ ਕੁਝ ਹੱਦ ਤਕ ਬੇਚੈਨੀ ਹੈ। ਉਨਾਂ ਨੇ ਅੱਗੇ ਕਿਹਾ ਕਿ ਇਹ ਤਕਨੀਕ ਸਮਾਜ ਦੇ ਸਾਰੇ ਵਰਗਾਂ ਨੂੰ ਕਰਫਿਊ ਅਤੇ ਕੋਵਿਡ -19 ਮਹਾਂਮਾਰੀ ਦਰਮਿਆਨ ਮਿਆਰੀ ਡਾਕਟਰੀ ਸਲਾਹ ਅਤੇ ਇਲਾਜ ਦੀ ਮੁਹੱਈਆ ਕਰਵਾਉਣ ਵਿਚ ਸਹਾਇਤਾ ਕਰੇਗੀ।

ਇਹ ਵਿਸ਼ੇਸ਼ਤਾ ਕੋਵਾ ਪੰਜਾਬ ਮੋਬਾਈਲ ਐਪਲੀਕੇਸ਼ਨ ਵਿਚ ਵੀ ਉਪਲਬਧ ਹੈ ਜੋ ਐਂਡਰਾਇਡ ਲਈ ਗੂਗਲ ਪਲੇ ਸਟੋਰ ਤੇ ਅਤੇ ਆਈਓਐਸ ਲਈ ਐਪਲ ਐਪਸਟੋਰ ਤੇ ਉਪਲਬਧ ਹੈ। "ਈ-ਸੰਜੀਵਨੀ-ਓਪੀਡ" ਦੇ ਲਾਭ ਲੈਣ ਲਈ ਮਰੀਜ਼ / ਵਿਅਕਤੀ ਕੋਲ ਇੱਕ ਕੰਪਿਊਟਰ, ਲੈਪਟਾਪ ਜਾਂ ਟੈਬਲੇਟ (ਟੈਬ) ਦੇ ਨਾਲ ਇੱਕ ਵੱਖਰਾ ਜਾਂ ਇਨਬਿਲਟ ਵੈਬਕੈਮ, ਮਾਈਕ, ਸਪੀਕਰ ਅਤੇ ਇੱਕ 2 ਐਮਬੀਪੀਐਸ ਜਾਂ ਤੇਜ਼ ਇੰਟਰਨੈਟ ਕਨੈਕਸ਼ਨ ਹੋਣਾ ਚਾਹੀਦਾ ਹੈ। ਮੁਫਤ ਮੈਡੀਕਲ ਸਲਾਹ ਪ੍ਰਦਾਨ ਕਰਨ ਲਈ, ਸ਼ੁਰੂ ਵਿਚ ਰਾਜ ਸਿਹਤ ਵਿਭਾਗ ਦੇ ਡਾਕਟਰਾਂ ਦੀ ਇਕ ਟੀਮ ਸੋਮਵਾਰ ਤੋਂ ਸ਼ਨੀਵਾਰ (ਸਵੇਰੇ 10 ਵਜੇ ਤੋਂ 1 ਵਜੇ ਤੱਕ) ਉਪਲਬਧ ਰਹੇਗੀ ਅਤੇ ਲੋੜ ਪੈਣ ਤੇ ਇਹ ਸਮਰੱਥਾ ਲੋਕਾਂ ਦੇ ਫੀਡਬੈਕ ਦੇ ਆਧਾਰ ਤੇ ਵਧਾਈ ਜਾ ਸਕਦੀ ਹੈ। ਇਹ ਸਹੂਲਤ ਉਨਾਂ ਬਿਮਾਰ ਲੋਕਾਂ ਲਈ ਲਾਭਕਾਰੀ ਹੋਵੇਗੀ ਜੋ ਕੋਵਿਡ -19 ਮਹਾਂਮਾਰੀ ਦੇ ਮੱਦੇਨਜ਼ਰ ਹਸਪਤਾਲਾਂ ਜਾਣ ਤੋਂ ਡਰ ਮਹਿਸੂਸ ਕਰ ਰਹੇ ਹਨ।

I/20436/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਬਠਿੰਡਾ ਨੂੰ ਗਰੀਨ ਜ਼ੋਨ ਵਿਚ ਬਣਾਈ ਰੱਖਣ ਲਈ ਜ਼ਿਲ੍ਹਾ ਵਾਸੀਆਂ ਨੂੰ ਅਪੀਲ

- 3 ਹੋਰ ਰਿਪੋਰਟਾਂ ਨੈਗੇਟਿਗ ਪ੍ਰਾਪਤ

-ਸ਼ਨੀਵਾਰ ਨੂੰ ਲਏ 106 ਨਮੂਨਿਆਂ ਦੀ ਰਿਪੋਟ ਬਕਾਇਆ

-ਐਤਵਾਰ ਨੂੰ ਲਏ 42 ਹੋਰ ਨਮੂਨੇ

ਬਠਿੰਡਾ, 26 ਅਪ੍ਰੈਲ: ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਅੱਜ ਇੱਥੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕੋਵਿਡ ਸਬੰਧੀ ਬਠਿੰਡਾ ਜ਼ਿਲ੍ਹੇ ਦੇ ਗ੍ਰੀਨ ਟੈਗ ਬਚਾਈ ਰੱਖਣ ਲਈ ਵਧੇਰੇ ਜਿੰਮੇਵਾਰੀ ਨਾਲ ਕਰਫਿਊ ਦਾ ਪਾਲਣ ਕਰਨ।ਉਨ੍ਹਾਂ ਨੇ ਅੱਜ ਕਿਹਾ ਕਿ ਸਮਾਜਿਕ ਦੂਰੀ ਬਣਾ ਕੇ ਅਤੇ ਆਪਸੀ ਮੇਲਜੋਲ ਅਤੇ ਸਫਰ ਘੱਟ ਕਰਕੇ ਹੀ ਅਸੀਂ ਕੋਵਿਡ 19 ਬਿਮਾਰੀ ਨੂੰ ਅੱਗੇ ਫੈਲਣ ਤੋਂ ਰੋਕ ਸਕਦੇ ਹਾਂ। ਇਸ ਲਈ ਉਨ੍ਹਾਂ ਨੇ ਜ਼ਿਲ੍ਹੇ ਦੇ ਲੋਕਾਂ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਡੇ ਲੋਕਾਂ ਦੀ ਸਮਝਦਾਰੀ ਸਾਡੇ ਪੂਰੇ ਸਮਾਜ ਨੂੰ ਵੱਡੇ ਸੰਕਟ ਤੋਂ ਬਚਾ ਲਵੇਗੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਵਿਚ ਕਰੋਨਾ ਸਬੰਧੀ 436 ਨਮੂਨੇ ਜਾਂਚ ਲਈ ਲਏ ਜਾ ਚੁੱਕੇ ਹਨ। ਇੰਨ੍ਹਾਂ ਵਿਚੋਂ 288 ਦੀ ਜਾਂਚ ਰਿਪੋਟ ਨੈਗੇਟਿਵ ਪ੍ਰਾਪਤ ਹੋ ਚੁੱਕੀ ਹੈ।ਵੀਰਵਾਰ ਨੂੰ ਲਏ ਨਮੂਨਿਆਂ ਵਿਚੋਂ ਬਕਾਇਆ 3 ਨਮੂਨਿਆਂ ਦੀ ਰਿਪੋਟ ਵੀ ਨੈਗੇਟਿਗ ਮਿਲੀ ਹੈ। ਸਿਵਲ ਸਰਜਨ ਡਾ: ਅਮਰੀਕ ਸਿੰਘ ਨੇ ਦੱਸਿਆ ਕਿ ਸ਼ਨੀਵਾਰ ਨੂੰ ਲਏ

ਗਏ 106 ਨਮੂਨਿਆਂ ਦੀ ਰਿਪੋਟ ਆਉਣੀ ਹਾਲੇ ਬਾਕੀ ਹੈ। ਜ਼ਿਲ੍ਹਾ ਐਪੀਡੇਮੋਲੋਜਿਸਟ ਡਾ: ਸੁਮਿਤ ਜਿੰਦਲ ਨੇ ਦੱਸਿਆ ਕਿ ਐਤਵਾਰ ਨੂੰ 42 ਨਮੂਨੇ ਲਏ ਗਏ ਹਨ।
I/20453/2020